ਭੈਰਉ ਮਹਲਾ ੫ ॥ ਤੇਰੀ ਟੇਕ ਰਹਾ ਕਲਿ ਮਾਹਿ ॥ ਤੇਰੀ ਟੇਕ ਤੇਰੇ ਗੁਣ ਗਾਹਿ ॥ ਤੇਰੀ ਟੇਕ ਨ ਪੋਹੈ ਕਾਲੁ ॥ ਤੇਰੀ ਟੇਕ ਬਿਨਸੈ ਜੰਜਾਲੁ ॥੧॥ ਦੀਨ ਦੁਨੀਆ ਤੇਰੀ ਟੇਕ ॥ ਸਭ ਮਹਿ ਰਵਿਆ ਸਾਹਿਬੁ ਏਕ ॥੧॥ ਰਹਾਉ ॥ ਤੇਰੀ ਟੇਕ ਕਰਉ ਆਨੰਦ ॥ ਤੇਰੀ ਟੇਕ ਜਪਉ ਗੁਰ ਮੰਤ ॥ ਤੇਰੀ ਟੇਕ ਤਰੀਐ ਭਉ ਸਾਗਰੁ ॥ ਰਾਖਣਹਾਰੁ ਪੂਰਾ ਸੁਖ ਸਾਗਰੁ ॥ ੨॥ ਤੇਰੀ ਟੇਕ ਨਾਹੀ ਭਉ ਕੋਇ ॥ ਅੰਤਰਜਾਮੀ ਸਾਚਾ ਸੋਇ ॥ ਤੇਰੀ ਟੇਕ ਤੇਰਾ ਮਨਿ ਤਾਣੁ ॥ ਈਹਾਂ ਊਹਾਂ ਤੂ ਦੀਬਾਣੁ ॥ ੩॥ ਤੇਰੀ ਟੇਕ ਤੇਰਾ ਭਰਵਾਸਾ ॥ ਸਗਲ ਧਿਆਵਹਿ ਪ੍ਰਭ ਗੁਣਤਾਸਾ ॥ ਜਪਿ ਜਪਿ ਅਨਦੁ ਕਰਹਿ ਤੇਰੇ ਦਾਸਾ ॥ ਸਿਮਰਿ ਨਾਨਕ ਸਾਚੇ ਗੁਣਤਾਸਾ ॥੪॥੨੬॥੩੯॥ {ਪੰਨਾ 1147}

ਪਦਅਰਥ:- ਟੇਕ—ਆਸਰੇ। ਰਹਾ—ਰਹਾਂ, ਮੈਂ ਰਹਿੰਦਾ ਹਾਂ। ਕਲਿ ਮਾਹਿ—ਵਿਕਾਰਾਂ-ਭਰੇ ਜਗਤ ਵਿਚ {ਨੋਟ:- ਕਿਸੇ ਖ਼ਾਸ 'ਜੁਗ' ਦਾ ਜ਼ਿਕਰ ਨਹੀਂ ਹੈ। ਸਾਧਾਰਨ ਤੌਰ ਤੇ ਉਸੇ ਸਮੇ ਦਾ ਨਾਮ ਲੈ ਦਿੱਤਾ ਹੈ ਜਿਸ ਦਾ ਨਾਮ 'ਕਲਿਜੁਗ' ਪਿਆ ਹੋਇਆ ਹੈ}। ਗਾਹਿ—(ਜਿਹੜੇ ਮਨੁੱਖ) ਗਾਂਦੇ ਹਨ। ਕਾਲੁ—ਮੌਤ, ਆਤਮਕ ਮੌਤ। ਜੰਜਾਲੁ—ਮਾਇਆ ਦੇ ਮੋਹ ਦੀ ਫਾਹੀ।1।

ਦੀਨ ਦੁਨੀਆ—ਪਰਲੋਕ ਵਿਚ ਤੇ ਇਸ ਲੋਕ ਵਿਚ। ਸਭ ਮਹਿ—ਸਾਰੀ ਸ੍ਰਿਸ਼ਟੀ ਵਿਚ। ਰਵਿਆ—ਵਿਆਪਕ ਹੈ। ਸਾਹਿਬੁ—ਮਾਲਕ-ਪ੍ਰਭੂ।1। ਰਹਾਉ।

ਕਰਉ—ਕਰਉਂ, ਮੈਂ ਕਰਦਾ ਹਾਂ, ਮੈਂ ਜਾਣਦਾ ਹਾਂ। ਜਪਉ—ਜਪਉਂ, ਮੈਂ ਜਪਦਾ ਹਾਂ। ਤਰੀਐ—ਪਾਰ ਲੰਘ ਜਾਈਦਾ ਹੈ। ਭਉ ਸਾਗਰੁ—ਸੰਸਾਰ-ਸਮੁੰਦਰ। ਰਾਖਣਹਾਰੁ—ਰੱਖਿਆ ਕਰ ਸਕਣ ਵਾਲਾ।2।

ਅੰਤਰਜਾਮੀ—ਸਭ ਦੇ ਦਿਲ ਦੀ ਜਾਣਨ ਵਾਲਾ। ਸਾਚਾ—ਸਦਾ-ਥਿਰ ਪ੍ਰਭੂ। ਸੋਇ—ਉਹ (ਪ੍ਰਭੂ) ਹੀ। ਮਨਿ—ਮਨ ਵਿਚ। ਤਾਣੁ—ਬਲ। ਈਹਾਂ ਊਹਾਂ—ਇਸ ਲੋਕ ਵਿਚ, ਤੇ, ਪਰਲੋਕ ਵਿਚ। ਦੀਬਾਣੁ—ਆਸਰਾ।3।

ਭਰਵਾਸਾ—ਸਹਾਰਾ। ਧਿਆਵਹਿ—ਸਿਮਰਦੇ ਹਨ {ਬਹੁ-ਵਚਨ}। ਗੁਣਤਾਸਾ—ਗੁਣਾਂ ਦਾ ਖ਼ਜ਼ਾਨਾ। ਜਪਿ—ਜਪ ਕੇ। ਕਰਹਿ—ਕਰਦੇ ਹਨ।4।

ਅਰਥ:- ਹੇ ਪ੍ਰਭੂ! ਇਸ ਲੋਕ ਤੇ ਪਰਲੋਕ ਵਿਚ (ਅਸਾਂ ਜੀਵਾਂ ਨੂੰ) ਤੇਰਾ ਹੀ ਸਹਾਰਾ ਹੈ। ਹੇ ਭਾਈ! ਸਾਰੀ ਸ੍ਰਿਸ਼ਟੀ ਵਿਚ ਮਾਲਕ-ਪ੍ਰਭੂ ਹੀ ਵਿਆਪਕ ਹੈ।1। ਰਹਾਉ।

ਹੇ ਪ੍ਰਭੂ! ਇਸ ਵਿਕਾਰ-ਭਰੇ ਜਗਤ ਵਿਚ ਮੈਂ ਤੇਰੇ ਆਸਰੇ ਹੀ ਜੀਊਂਦਾ ਹਾਂ। ਹੇ ਪ੍ਰਭੂ! (ਸਭ ਜੀਵ) ਤੇਰੇ ਹੀ ਸਹਾਰੇ ਹਨ, ਤੇਰੇ ਹੀ ਗੁਣ ਗਾਂਦੇ ਹਨ। ਹੇ ਪ੍ਰਭੂ! ਜਿਸ ਮਨੁੱਖ ਨੂੰ ਤੇਰਾ ਆਸਰਾ ਹੈ ਉਸ ਉਤੇ ਆਤਮਕ ਮੌਤ ਆਪਣਾ ਪ੍ਰਭਾਵ ਨਹੀਂ ਪਾ ਸਕਦੀ। ਤੇਰੇ ਆਸਰੇ (ਮਨੁੱਖ ਦੀ) ਮਾਇਆ ਦੇ ਮੋਹ ਦੀ ਫਾਹੀ ਟੁੱਟ ਜਾਂਦੀ ਹੈ।1।

ਹੇ ਪ੍ਰਭੂ! ਮੈਂ ਤੇਰੇ ਨਾਮ ਦਾ ਆਸਰਾ ਲੈ ਕੇ ਹੀ ਆਤਮਕ ਆਨੰਦ ਮਾਣਦਾ ਹਾਂ ਅਤੇ ਗੁਰੂ ਦਾ ਦਿੱਤਾ ਹੋਇਆ ਤੇਰਾ ਨਾਮ-ਮੰਤ੍ਰ ਜਪਦਾ ਰਹਿੰਦਾ ਹਾਂ। ਹੇ ਪ੍ਰਭੂ! ਤੇਰੇ (ਨਾਮ ਦੇ) ਸਹਾਰੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ, ਤੂੰ ਸਭ ਦੀ ਰੱਖਿਆ ਕਰਨ ਦੇ ਸਮਰੱਥ ਹੈਂ, ਤੂੰ ਸਾਰੇ ਸੁਖਾਂ ਦਾ (ਮਾਨੋ) ਸਮੁੰਦਰ ਹੈਂ।2।

ਹੇ ਪ੍ਰਭੂ! ਜਿਸ ਨੂੰ ਤੇਰੇ ਨਾਮ ਦਾ ਆਸਰਾ ਹੈ ਉਸ ਨੂੰ ਕੋਈ ਡਰ ਵਿਆਪ ਨਹੀਂ ਸਕਦਾ। ਹੇ ਭਾਈ! ਉਹ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਹੀ ਸਭ ਦੇ ਦਿਲ ਦੀ ਜਾਣਨ ਵਾਲਾ ਹੈ। ਹੇ ਪ੍ਰਭੂ! ਸਭ ਜੀਵਾਂ ਨੂੰ ਤੇਰਾ ਹੀ ਆਸਰਾ ਹੈ, ਸਭ ਦੇ ਮਨ ਵਿਚ ਤੇਰੇ ਨਾਮ ਦਾ ਹੀ ਸਹਾਰਾ ਹੈ। ਇਸ ਲੋਕ ਤੇ ਪਰਲੋਕ ਵਿਚ ਤੂੰ ਹੀ ਜੀਵਾਂ ਦਾ ਆਸਰਾ ਹੈਂ।3।

ਹੇ ਗੁਣਾਂ ਦੇ ਖ਼ਜ਼ਾਨੇ ਪ੍ਰਭੂ! (ਅਸਾਂ ਜੀਵਾਂ ਨੂੰ) ਤੇਰੀ ਹੀ ਟੇਕ ਹੈ ਤੇਰਾ ਹੀ ਆਸਰਾ ਹੈ, ਸਭ ਜੀਵ ਤੇਰਾ ਹੀ ਧਿਆਨ ਧਰਦੇ ਹਨ, ਤੇਰੇ ਦਾਸ ਤੇਰਾ ਨਾਮ ਜਪ ਜਪ ਕੇ ਆਤਮਕ ਆਨੰਦ ਮਾਣਦੇ ਹਨ। ਹੇ ਨਾਨਕ! (ਤੂੰ ਭੀ) ਸਦਾ ਕਾਇਮ

ਰਹਿਣ ਵਾਲੇ ਅਤੇ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦਾ ਨਾਮ ਸਿਮਰਿਆ ਕਰ।4। 26। 39।